ਬਸੰਤੁ ਮਹਲਾ ੩ ॥ ਅੰਤਰਿ ਪੂਜਾ ਮਨ ਤੇ ਹੋਇ ॥ ਏਕੋ ਵੇਖੈ ਅਉਰੁ ਨ ਕੋਇ ॥ ਦੂਜੈ ਲੋਕੀ ਬਹੁਤੁ ਦੁਖੁ ਪਾਇਆ ॥ ਸਤਿਗੁਰਿ ਮੈਨੋ ਏਕੁ ਦਿਖਾਇਆ ॥੧॥ ਮੇਰਾ ਪ੍ਰਭੁ ਮਉਲਿਆ ਸਦ ਬਸੰਤੁ ॥ ਇਹੁ ਮਨੁ ਮਉਲਿਆ ਗਾਇ ਗੁਣ ਗੋਬਿੰਦ ॥ ੧॥ ਰਹਾਉ ॥ ਗੁਰ ਪੂਛਹੁ ਤੁਮ੍ ਕਰਹੁ ਬੀਚਾਰੁ ॥ ਤਾਂ ਪ੍ਰਭ ਸਾਚੇ ਲਗੈ ਪਿਆਰੁ ॥ ਆਪੁ ਛੋਡਿ ਹੋਹਿ ਦਾਸਤ ਭਾਇ ॥ ਤਉ ਜਗਜੀਵਨੁ ਵਸੈ ਮਨਿ ਆਇ ॥ ੨॥ ਭਗਤਿ ਕਰੇ ਸਦ ਵੇਖੈ ਹਜੂਰਿ ॥ ਮੇਰਾ ਪ੍ਰਭੁ ਸਦ ਰਹਿਆ ਭਰਪੂਰਿ ॥ ਇਸੁ ਭਗਤੀ ਕਾ ਕੋਈ ਜਾਣੈ ਭੇਉ ॥ ਸਭੁ ਮੇਰਾ ਪ੍ਰਭੁ ਆਤਮ ਦੇਉ ॥ ੩॥ ਆਪੇ ਸਤਿਗੁਰੁ ਮੇਲਿ ਮਿਲਾਏ ॥ ਜਗਜੀਵਨ ਸਿਉ ਆਪਿ ਚਿਤੁ ਲਾਏ ॥ ਮਨੁ ਤਨੁ ਹਰਿਆ ਸਹਜਿ ਸੁਭਾਏ ॥ ਨਾਨਕ ਨਾਮਿ ਰਹੇ ਲਿਵ ਲਾਏ ॥ ੪॥੪॥
{ਪੰਨਾ 1173}

ਪਦਅਰਥ:- ਅੰਤਰਿ—(ਉਸ ਮਨੁੱਖ ਦੇ) ਅੰਦਰ ਹੀ। ਪੂਜਾ—ਭਗਤੀ। ਮਨ ਤੇ—ਮਨ ਤੋਂ, ਜੁੜੇ ਮਨ ਨਾਲ। ਹੋਇ—ਹੁੰਦੀ ਰਹਿੰਦੀ ਹੈ। ਏਕੋ—ਇਕ (ਪਰਮਾਤਮਾ) ਨੂੰ ਹੀ। ਦੂਜੈ—ਮਾਇਆ ਦੇ ਮੋਹ ਵਿਚ (ਫਸ ਕੇ)। ਲੋਕੀ—ਦੁਨੀਆ ਨੇ, ਲੁਕਾਈ ਨੇ। ਸਤਿਗੁਰਿ—ਗੁਰੂ ਨੇ। ਮੈਨੋ—ਮੈਨੂੰ।1।

ਮਉਲਿਆ—(ਹਰ ਥਾਂ) ਖਿੜਿਆ ਹੋਇਆ ਹੈ, (ਹਰ ਥਾਂ) ਪਰਕਾਸ਼ ਕਰ ਰਿਹਾ ਹੈ। ਸਦ ਬਸੰਤੁ—ਸਦਾ ਖਿੜੇ ਰਹਿਣ ਵਾਲਾ ਪਰਮਾਤਮਾ। ਗਾਇ—ਗਾ ਕੇ।1। ਰਹਾਉ।

ਗੁਰ ਪੂਛਹੁ—ਗੁਰੂ ਦੀ ਸਿੱਖਿਆ ਲਵੋ। ਵੀਚਾਰੁ—(ਪਰਮਾਤਮਾ ਦੇ ਗੁਣਾਂ ਦੀ) ਵਿਚਾਰ। ਤਾਂ—ਤਦੋਂ। ਆਪੁ—ਆਪਾ-ਭਾਵ। ਛੋਡਿ—ਛੱਡ ਕੇ। ਹੋਹਿ—ਜੇ ਤੂੰ ਹੋ ਜਾਏਂ। ਭਾਇ—{ਲਫ਼ਜ਼ 'ਭਾਉ' ਤੋਂ ਅਧਿਕਰਣ ਕਾਰਕ ਇਕ-ਵਚਨ} ਭਾਵਨਾ ਵਿਚ। ਦਾਸਤ—{dwsÄv}। ਲਫ਼ਜ਼ 'ਦਾਸ' ਤੋਂ ਭਾਵ ਵਾਚਕ ਨਾਂਵ}। ਦਾਸਤ ਭਾਇ—ਸੇਵਕ-ਸੁਭਾਵ ਵਿਚ। ਤਉ—ਤਦੋਂ। ਜਗ ਜੀਵਨੁ—ਜਗਤ ਦਾ ਜੀਵਨ ਪ੍ਰਭੂ, ਜਗਤ ਨੂੰ ਪੈਦਾ ਕਰਨ ਵਾਲਾ ਪ੍ਰਭੂ। ਮਨਿ—ਮਨ ਵਿਚ।2।

ਭਗਤਿ—ਬੰਦਗੀ। ਸਦ—ਸਦਾ। ਹਜੂਰਿ—ਹਾਜ਼ਰ-ਨਾਜ਼ਰ, ਅੰਗ-ਸੰਗ। ਰਹਿਆ ਭਰਪੂਰਿ—ਸਭ ਥਾਈਂ ਵਿਆਪਕ ਹੈ। ਕੋਈ—ਜਿਹੜਾ ਕੋਈ ਮਨੁੱਖ। ਭੇਉ—ਭੇਤ। ਸਭੁ—ਹਰ ਥਾਂ। ਆਤਮਦੇਉ—ਪਰਮਾਤਮਾ।3।

ਆਪੇ—(ਪ੍ਰਭੂ) ਆਪ ਹੀ। ਮੇਲਿ—ਮਿਲਾ ਕੇ। ਮਿਲਾਏ—(ਆਪਣੇ ਨਾਲ) ਮਿਲਾਂਦਾ ਹੈ। ਸਿਉ—ਨਾਲ। ਲਾਏ—ਜੋੜਦਾ ਹੈ। ਹਰਿਆ—ਆਤਮਕ ਜੀਵਨ ਨਾਲ ਭਰਪੂਰ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਏ—ਸੁਭਾਇ, ਪਿਆਰ ਵਿਚ। ਨਾਮਿ—ਨਾਮ ਵਿਚ। ਲਿਵ—ਲਗਨ। ਰਹੇ ਲਾਏ—ਲਾਈ ਰੱਖਦੇ ਹਨ।4।

ਅਰਥ:- ਹੇ ਭਾਈ! ਸਦਾ-ਆਨੰਦ-ਸਰੂਪ ਮੇਰਾ ਪਰਮਾਤਮਾ (ਹਰ ਥਾਂ) ਆਪਣਾ ਪਰਕਾਸ਼ ਕਰ ਰਿਹਾ ਹੈ। ਉਸ ਪਰਮਾਤਮਾ ਦੇ ਗੁਣ ਗਾ ਗਾ ਕੇ (ਮੇਰਾ) ਇਹ ਮਨ ਸਦਾ ਖਿੜਿਆ ਰਹਿੰਦਾ ਹੈ।1। ਰਹਾਉ।

ਹੇ ਭਾਈ! (ਜਿਹੜਾ ਭੀ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਦੇ) ਅੰਦਰ ਹੀ ਜੁੜੇ ਮਨ ਨਾਲ ਪਰਮਾਤਮਾ ਦੀ ਭਗਤੀ ਹੁੰਦੀ ਰਹਿੰਦੀ ਹੈ, (ਉਹ ਮਨੁੱਖ ਹਰ ਥਾਂ) ਸਿਰਫ਼ ਪਰਮਾਤਮਾ ਨੂੰ (ਵੱਸਦਾ) ਵੇਖਦਾ ਹੈ, (ਕਿਤੇ ਭੀ ਪਰਮਾਤਮਾ ਤੋਂ ਬਿਨਾ) ਕਿਸੇ ਹੋਰ ਨੂੰ ਨਹੀਂ ਵੇਖਦਾ। ਹੇ ਭਾਈ! ਦੁਨੀਆ ਨੇ ਮਾਇਆ ਦੇ ਮੋਹ ਵਿਚ ਫਸ ਕੇ ਸਦਾ ਬਹੁਤ ਦੁੱਖ ਪਾਇਆ ਹੈ, ਪਰ ਗੁਰੂ ਨੇ (ਮਿਹਰ ਕਰ ਕੇ) ਮੈਨੂੰ ਸਿਰਫ਼ ਪਰਮਾਤਮਾ ਹੀ (ਹਰ ਥਾਂ ਵੱਸਦਾ) ਵਿਖਾ ਦਿੱਤਾ ਹੈ (ਤੇ, ਮੈਂ ਦੁੱਖ ਤੋਂ ਬਚ ਗਿਆ ਹਾਂ)।1।

ਹੇ ਭਾਈ! (ਤੁਸਾਂ ਭੀ ਜੇ ਦੁੱਖਾਂ ਤੋਂ ਬਚਣਾ ਹੈ, ਤਾਂ) ਗੁਰੂ ਦੀ ਸਿੱਖਿਆ ਲਵੋ, ਤੇ, ਪਰਮਾਤਮਾ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਈ ਰੱਖੋ, (ਜਦੋਂ ਪ੍ਰਭੂ ਦੇ ਗੁਣਾਂ ਨੂੰ ਆਪਣੇ ਮਨ ਵਿਚ ਵਸਾਉਗੇ) ਤਦੋਂ ਸਦਾ ਕਾਇਮ ਰਹਿਣ ਵਾਲੇ

ਪਰਮਾਤਮਾ ਨਾਲ (ਤੁਹਾਡਾ) ਪਿਆਰ ਬਣ ਜਾਇਗਾ। ਹੇ ਭਾਈ! ਜੇ ਤੂੰ ਆਪਾ-ਭਾਵ (ਹਉਮੈ) ਛੱਡ ਕੇ ਸੇਵਕ-ਸੁਭਾਵ ਵਿਚ ਟਿਕਿਆ ਰਹੇਂ, ਤਾਂ ਜਗਤ ਨੂੰ ਪੈਦਾ ਕਰਨ ਵਾਲਾ ਪਰਮਾਤਮਾ (ਤੇਰੇ) ਮਨ ਵਿਚ ਆ ਵੱਸੇਗਾ।2।

ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ, ਉਹ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੇਖਦਾ ਹੈ, ਪਿਆਰਾ ਪ੍ਰਭੂ ਉਸ ਨੂੰ ਹਰ ਥਾਂ ਵਿਆਪਕ ਦਿੱਸਦਾ ਹੈ। ਹੇ ਭਾਈ! ਜਿਹੜਾ ਭੀ ਮਨੁੱਖ ਪਰਮਾਤਮਾ ਦੀ ਇਸ ਭਗਤੀ (ਦੇ ਕੌਤਕ) ਦਾ ਭੇਤ ਸਮਝ ਲੈਂਦਾ ਹੈ, ਉਸ ਨੂੰ ਪਰਮਾਤਮਾ ਹਰ ਥਾਂ ਵੱਸਦਾ ਦਿੱਸ ਪੈਂਦਾ ਹੈ।3।

ਪਰ, ਹੇ ਭਾਈ! (ਭਗਤੀ ਦੀ ਦਾਤਿ ਉਸ ਦੀ ਆਪਣੀ ਮਿਹਰ ਨਾਲ ਹੀ ਮਿਲਦੀ ਹੈ) ਜਗਤ ਦਾ ਜੀਵਨ ਪ੍ਰਭੂ ਆਪ ਹੀ (ਮਨੁੱਖ ਨੂੰ) ਗੁਰੂ ਮਿਲਾ ਕੇ (ਆਪਣੇ ਚਰਨਾਂ ਵਿਚ) ਜੋੜਦਾ ਹੈ, ਉਹ ਆਪ ਹੀ ਮਨੁੱਖ ਦਾ ਚਿੱਤ ਆਪਣੇ ਨਾਲ ਜੋੜਦਾ ਹੈ। ਹੇ ਨਾਨਕ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦੇ ਹਨ, ਉਹ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ, ਉਹ ਪ੍ਰਭੂ-ਪਿਆਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦਾ ਮਨ ਉਹਨਾਂ ਦਾ ਤਨ ਆਤਮਕ ਜੀਵਨ ਨਾਲ ਭਰਪੂਰ ਰਹਿੰਦਾ ਹੈ।4। 4।